**ਪੰਜਾਬ ਸਰਕਾਰ**

**ਸਿੱਖਿਆ ਵਿਭਾਗ**

**(ਸਿੱਖਿਆ-3 ਸ਼ਾਖਾ)**

**ਮੀਮੋ ਨੰ. 3/41/2020-3ਸਿ3/** 2020835/1 **ਮਿਤੀ, ਚੰਡੀਗੜ੍ਹ:** 31/7/2020

St. Xavier's Convent School, Talwandi Sabo-Raman Road, Village- Jajjal, District Bathinda ਨੂੰ ਦਸਵੀਂ ਪੱਧਰ ਦੀ ਮਾਨਤਾ ਹੇਠ ਲਿਖੀਆਂ ਸ਼ਰਤਾਂ ਤੇ ਦਿੱਤੀ ਜਾਂਦੀ ਹੈ:-

1. ਸਕੂਲ The Right of Children to Free and Compulsory Education Act, 2009 ਦੀ ਪਾਲਣਾ ਕਰੇਗਾ।
2. ਸਕੂਲ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਪਾਲਣਾ ਕਰਨਾ ਯਕੀਨੀ ਬਣਾਏਗਾ।
3. ਕਿਸੇ ਵੀ ਸਟੇਜ ਤੇ ਤੱਥਾਂ ਦੇ ਗਲਤ ਸਾਬਤ ਹੋਣ ਦੀ ਸੂਰਤ ਵਿੱਚ ਇਹ ਮਾਨਤਾ ਰੱਦ ਕੀਤੀ ਜਾਵੇਗੀ।
4. ਸਕੂਲ ਵਲੋਂ ਚਲਾਨ ਨੰ. CPX7701449 ਮਿਤੀ 10.01.2020 ਰਾਹੀਂ 76,000/- ਰੁਪਏ ਪ੍ਰੋਸੈਸਿੰਗ ਫੀਸ ਜਮ੍ਹਾ ਕਰਵਾ ਦਿੱਤੀ ਗਈ ਹੈ।

**ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ**

**ਪਿ.ਅੰ.ਨੰ. 3/41/2020-3ਸਿ3** **ਮਿਤੀ, ਚੰਡੀਗੜ੍ਹ:**

ਉਪਰਕੋਤ ਦਾ ਇਕ ਉਤਾਰਾ ਹੇਠ ਲਿੱਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ) ਪੰਜਾਬ, ਮੋਹਾਲੀ।
2. ਜਿਲ੍ਹਾ ਸਿੱਖਿਆ ਅਫਸਰ (ਸੈ.ਸਿ), ਬਠਿੰਡਾ।

**ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ**

ਨੰ: 3/41/2020-3ਸਿ3/ 2020834/1

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
St. Xavier's Convent School,
Talwandi Sabo-Raman Road, Village- Jajjal,
District Bathinda.

**ਮਿਤੀ:ਚੰਡੀਗੜ੍ਹ:** 31/7/2020

ਵਿਸ਼ਾ:- St. Xavier's Convent School, Talwandi Sabo-Raman Road, Village- Jajjal, District Bathinda ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਦਸਵੀਂ ਪੱਧਰ ਦਾ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਸਬੰਧੀ।

******

ਸ੍ਰੀਮਾਨ ਜੀ,

ਉਪਰਕੋਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆਂ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ) ਬਠਿੰਡਾ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਮੋਹਾਲੀ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਦਸਵੀਂ ਪੱਧਰ ਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।
2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ **ਸੀ.ਬੀ.ਐਸ.ਈ** ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।
3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ.ਐਕਟ 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ.ਐਕਟ-2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।

4. **ਸੀ.ਬੀ.ਐਸ.ਈ** ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਅਕਾਉਂਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਵੱਧ ਹੋਵੇਗੀ। ਸਕੂਲ ਐਕਸਟੈਨਸ਼ਨ/ਅਪਗ੍ਰੇਡੇਸ਼ਨ ਸਮੇਂ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਸਬੰਧਤ ਜਿਲ੍ਹਾ ਸਿੱਖਿਆ ਅਫਸਰ ਦੇ ਕੋਲ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ ਦਾ ਬਣਦਾ ਰਿਜ਼ਰਵ ਫੰਡ ਜਮ੍ਹਾ ਕਰਵਾਏਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

6 ਬੱਚਿਆ ਦੀ ਸੁਰੱਖਿਆ, ਪਬਲਿਕ ਹੈਲਥ ਸੈਨੀਟੇਸ਼ਨ ਅਤੇ ਹੋਰ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਦੀਆਂ ਸ਼ਰਤਾਂ ਦਾ ਸਮੇਂ -2 ਨਿਰੀਖਣ ਪੰਜਾਬ ਸਰਕਾਰ ਦੇ ਅਧਿਕਾਰੀਆਂ ਵੱਲੋਂ ਕੀਤਾ ਜਾਵੇਗਾ।

7. ਪੰਜਾਬ ਸਰਕਾਰ ਵੱਲੋਂ ਪੱਤਰ ਨੰ:2/93/2009/3ਸਿ3/1360154 ਮਿਤੀ 26.11.2018 ਰਾਹੀਂ ਜਾਰੀ ਕੀਤੀਆਂ ਗਾਈਡਲਾਇਨਜ਼ ਦੀ ਇੰਨ ਬਿੰਨ ਪਾਲਣਾ ਕੀਤੀ ਜਾਵੇ।

**ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ**

**ਪਿੱ:ਅੰ:ਨੰ: 3/41/2020-3ਸਿ3/** **ਮਿਤੀ, ਚੰਡੀਗੜ੍ਹ:**

ਉਪਰਕੋਤ ਦਾ ਇਕ ਉਤਾਰਾ ਹੇਠ ਲਿੱਖਿਆ ਨੂੰ ਭੇਜਿਆ ਜਾਂਦਾ ਹੈ:

1. ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ.-89497, 15/14-2020 ਗ੍ਰਾਂਟ ਕਮ ਪੈਨ 1(3)/2020170992 ਮਿਤੀ 23.07.2020 ਦੇ ਹਵਾਲੇ ਵਿੱਚ ਸਕੂਲ ਦੀ ਮੂਲ ਮਿਸਲ ਸਮੇਤ ਭੇਜਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ। ਸਬੰਧਤ ਸਕੂਲ ਤੋਂ ਉਪਰੋਕਤ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

2. ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਬਠਿੰਡਾ।

**ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ**